ਆਸਾ ਮਹਲਾ ੪ ॥ ਜਿਨ ਮਸਤਕਿ ਧੁਰਿ ਹਰਿ ਲਿਖਿਆ ਤਿਨਾ ਸਤਿਗੁਰੁ ਮਿਲਿਆ ਰਾਮ ਰਾਜੇ ॥ ਅਗਿਆਨੁ ਅੰਧੇਰਾ ਕਟਿਆ ਗੁਰ ਗਿਆਨੁ ਘਟਿ ਬਲਿਆ ॥ ਹਰਿ ਲਧਾ ਰਤਨੁ ਪਦਾਰਥੋ ਫਿਰਿ ਬਹੁੜਿ ਨ ਚਲਿਆ ॥ ਜਨ ਨਾਨਕ ਨਾਮੁ ਆਰਾਧਿਆ ਆਰਾਧਿ ਹਰਿ ਮਿਲਿਆ ॥੧॥ ਜਿਨੀ ਐਸਾ ਹਰਿ ਨਾਮੁ ਨ ਚੇਤਿਓ ਸੇ ਕਾਹੇ ਜਗਿ ਆਏ ਰਾਮ ਰਾਜੇ ॥ ਇਹੁ ਮਾਣਸ ਜਨਮੁ ਦੁਲੰਭੁ ਹੈ ਨਾਮ ਬਿਨਾ ਬਿਰਥਾ ਸਭੁ ਜਾਏ ॥ ਹੁਣਿ ਵਤੈ ਹਰਿ ਨਾਮੁ ਨ ਬੀਜਿਓ ਅਗੈ ਭੁਖਾ ਕਿਆ ਖਾਏ ॥ ਮਨਮੁਖਾ ਨੋ ਫਿਰਿ ਜਨਮੁ ਹੈ ਨਾਨਕ ਹਰਿ ਭਾਏ ॥੨॥ ਤੂੰ ਹਰਿ ਤੇਰਾ ਸਭੁ ਕੋ ਸਭਿ ਤੁਧੁ ਉਪਾਏ ਰਾਮ ਰਾਜੇ ॥ ਕਿਛੁ ਹਾਥਿ ਕਿਸੈ ਦੈ ਕਿਛੁ ਨਾਹੀ ਸਭਿ ਚਲਹਿ ਚਲਾਏ ॥ ਜਿਨ੍ ਤੂੰ ਮੇਲਹਿ ਪਿਆਰੇ ਸੇ ਤੁਧੁ ਮਿਲਹਿ ਜੋ ਹਰਿ ਮਨਿ ਭਾਏ ॥ ਜਨ ਨਾਨਕ ਸਤਿਗੁਰੁ ਭੇਟਿਆ ਹਰਿ ਨਾਮਿ ਤਰਾਏ ॥੩॥ ਕੋਈ ਗਾਵੈ ਰਾਗੀ ਨਾਦੀ ਬੇਦੀ ਬਹੁ ਭਾਤਿ ਕਰਿ ਨਹੀ ਹਰਿ ਹਰਿ ਭੀਜੈ ਰਾਮ ਰਾਜੇ ॥ ਜਿਨਾ ਅੰਤਰਿ ਕਪਟੁ ਵਿਕਾਰੁ ਹੈ ਤਿਨਾ ਰੋਇ ਕਿਆ ਕੀਜੈ ॥ ਹਰਿ ਕਰਤਾ ਸਭੁ ਕਿਛੁ ਜਾਣਦਾ ਸਿਰਿ ਰੋਗ ਹਥੁ ਦੀਜੈ ॥ ਜਿਨਾ ਨਾਨਕ ਗੁਰਮੁਖਿ ਹਿਰਦਾ ਸੁਧੁ ਹੈ ਹਰਿ ਭਗਤਿ ਹਰਿ ਲੀਜੈ ॥੪॥੧੧॥੧੮॥ {ਪੰਨਾ 450}

ਪਦਅਰਥ:- ਮਸਤਕਿ—ਮੱਥੇ ਉਤੇ। ਧੁਰਿ—ਧੁਰ ਦਰਗਾਹ ਤੋਂ। ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ। ਅੰਧੇਰਾ—ਹਨੇਰਾ। ਘਟਿ—ਹਿਰਦੇ ਵਿਚ। ਬਲਿਆ—ਚਮਕ ਪਿਆ। ਲਧਾ—ਲੱਭ ਪਿਆ। ਪਦਾਰਥੋ—ਕੀਮਤੀ ਚੀਜ਼। ਬਹੁੜਿ—ਮੁੜ। ਚਲਿਆ—ਗਵਾਚਿਆ। ਆਰਾਧਿ—ਸਿਮਰ ਕੇ।1।

ਅਰਥ:- (ਹੇ ਭਾਈ!) ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਪਰਮਾਤਮਾ (ਗੁਰੂ-ਮਿਲਾਪ ਦਾ ਲੇਖ) ਲਿਖ ਦੇਂਦਾ ਹੈ ਉਹਨਾਂ ਨੂੰ ਗੁਰੂ ਮਿਲ ਪੈਂਦਾ ਹੈ (ਉਹਨਾਂ ਦੇ ਮਨ ਵਿਚੋਂ, ਗੁਰੂ ਦੀ ਮੇਹਰ ਨਾਲ) ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ ਦੂਰ ਹੋ ਜਾਂਦਾ ਹੈ, ਤੇ, ਉਹਨਾਂ ਦੇ ਹਿਰਦੇ ਵਿਚ ਗੁਰੂ ਦੀ ਬਖ਼ਸ਼ੀ ਹੋਈ ਆਤਮਕ ਜੀਵਨ ਦੀ ਸੂਝ ਚਮਕ ਪੈਂਦੀ ਹੈ। ਉਹਨਾਂ ਨੂੰ ਪਰਮਾਤਮਾ ਦਾ ਨਾਮ ਕੀਮਤੀ ਰਤਨ ਲੱਭ ਪੈਂਦਾ ਹੈ ਜੇਹੜਾ ਮੁੜ (ਉਹਨਾਂ ਪਾਸੋਂ ਕਦੇ) ਗੁਆਚਦਾ ਨਹੀਂ। ਹੇ ਦਾਸ ਨਾਨਕ! (ਆਖ—ਹੇ ਭਾਈ!) ਗੁਰੂ ਦੀ ਸਰਨ ਪੈ ਕੇ ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਨਾਮ ਸਿਮਰ ਕੇ ਉਹ ਪਰਮਾਤਮਾ ਵਿਚ ਹੀ ਲੀਨ ਹੋ ਜਾਂਦੇ ਹਨ।1।

ਪਦਅਰਥ:- ਐਸਾ—ਅਜੇਹਾ ਕੀਮਤੀ। ਸੇ—ਉਹ ਬੰਦੇ। ਕਾਹੇ—ਕਿਸ ਵਾਸਤੇ? ਜਗਿ—ਜਗਤ ਵਿਚ। ਦੁਲੰਭੁ—ਦੁਰਲੱਭ, ਬੜੀ ਮੁਸ਼ਕਲ ਨਾਲ ਮਿਲਣ ਵਾਲਾ। ਬਿਰਥਾ—ਅਜਾਈਂ। ਸਭੁ—ਸਾਰਾ। ਹੁਣਿ—ਇਸ ਮਨੁੱਖਾ ਜਨਮ ਵਿਚ। ਵਤੈ—ਵੱਤਰ ਦੇ ਵੇਲੇ। ਅਗੈ—ਪਰਲੋਕ ਵਿਚ, ਸਮਾ ਲੰਘ ਜਾਣ ਤੇ। ਕਿਆ ਖਾਏ—ਕੀਹ ਖਾਏਗਾ? ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲੇ। ਹਰਿ ਭਾਇ—ਹਰੀ ਨੂੰ (ਇਹੀ) ਚੰਗਾ ਲੱਗਦਾ ਹੈ।2।

ਅਰਥ:- (ਹੇ ਭਾਈ! ਆਤਮਕ ਜੀਵਨ ਦੀ ਸੂਝ ਦੇਣ ਵਾਲਾ) ਅਜੇਹਾ ਕੀਮਤੀ ਨਾਮ ਜਿਨ੍ਹਾਂ ਮਨੁੱਖਾਂ ਨੇ ਨਹੀਂ ਸਿਮਰਿਆ, ਉਹ ਜਗਤ ਵਿਚ ਕਾਹਦੇ ਲਈ ਜੰਮੇ? (ਉਹਨਾਂ ਦਾ ਮਨੁੱਖਾ ਜਨਮ ਕਿਸੇ ਕੰਮ ਨਾਹ ਆਇਆ)। ਇਹ ਮਨੁੱਖਾ ਜਨਮ ਬੜੀ ਮੁਸ਼ਕਲ ਨਾਲ ਮਿਲਦਾ ਹੈ, ਨਾਮ ਸਿਮਰਨ ਤੋਂ ਬਿਨਾ ਸਾਰੇ ਦਾ ਸਾਰਾ ਵਿਅਰਥ ਚਲਾ ਜਾਂਦਾ ਹੈ। (ਹੇ ਭਾਈ! ਜੇਹੜਾ ਕਿਸਾਨ ਵੱਤਰ ਵੇਲੇ ਪੈਲੀ ਨਹੀਂ ਬੀਜਦਾ ਉਹ ਵੇਲਾ ਬੀਤ ਜਾਣ ਤੇ ਭੁੱਖਾ ਮਰਦਾ ਹੈ, ਤਿਵੇਂ ਹੀ) ਜੇਹੜਾ ਮਨੁੱਖਾ ਜਨਮ ਵਿਚ ਢੁਕਵੇਂ ਸਮੇ (ਆਪਣੇ ਹਿਰਦੇ ਦੀ ਖੇਤੀ ਵਿਚ) ਪਰਮਾਤਮਾ ਦਾ ਨਾਮ ਨਹੀਂ ਬੀਜਦਾ, ਉਹ ਪਰਲੋਕ ਵਿਚ ਤਦੋਂ ਕੇਹੜੀ ਖ਼ੁਰਾਕ ਵਰਤੇਗਾ ਜਦੋਂ ਆਤਮਕ ਜੀਵਨ ਦੇ ਪਲ੍ਰਰਨ ਵਾਸਤੇ ਨਾਮ-ਭੋਜਨ ਦੀ ਲੋੜ ਪਏਗੀ? ਹੇ ਨਾਨਕ! (ਆਖ—) ਆਪਣੇ ਮਨ ਦੇ ਪਿੱਛੇ ਤੁਰਨ ਵਾਲਿਆਂ ਨੂੰ ਮੁੜ ਮੁੜ ਜਨਮਾਂ ਦਾ ਚੱਕਰ ਮਿਲਦਾ ਹੈ (ਉਹਨਾਂ ਵਾਸਤੇ) ਪਰਮਾਤਮਾ ਨੂੰ ਇਹੀ ਚੰਗਾ ਲੱਗਦਾ ਹੈ।2।

ਪਦਅਰਥ:- ਸਭੁ ਕੋ—ਹਰੇਕ ਜੀਵ। ਸਭਿ—ਸਾਰੇ। ਹਾਥਿ—ਹੱਥ ਵਿਚ। ਚਲਹਿ—ਚੱਲਦੇ ਹਨ, ਤੁਰਦੇ ਹਨ।

ਪਿਆਰੇ—ਹੇ ਪਿਆਰੇ! ਤੁਧੁ—ਤੈਨੂੰ। ਮਨਿ—ਮਨ ਵਿਚ। ਭਾਏ—ਚੰਗੇ ਲੱਗਦੇ ਹਨ। ਨਾਮਿ—ਨਾਮ ਦੀ ਰਾਹੀਂ। ਤਰਾਏ—ਪਾਰ ਲੰਘਾਂਦਾ ਹੈ।3।

ਅਰਥ:- ਹੇ ਹਰੀ! ਤੂੰ ਸਭ ਜੀਵਾਂ ਦਾ ਮਾਲਕ ਹੈਂ, ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ ਹੈ), ਸਾਰੇ ਜੀਵ ਤੂੰ ਹੀ ਪੈਦਾ ਕੀਤੇ ਹੋਏ ਹਨ। ਕਿਸੇ ਜੀਵ ਦੇ ਆਪਣੇ ਵੱਸ ਵਿਚ ਕੁਝ ਨਹੀਂ, ਜਿਵੇਂ ਤੂੰ ਤੋਰਦਾ ਹੈਂ ਤਿਵੇਂ ਸਾਰੇ ਜੀਵ ਤੁਰਦੇ ਹਨ। ਹੇ ਪਿਆਰੇ! ਜਿਨ੍ਹਾਂ ਜੀਵਾਂ ਨੂੰ ਤੂੰ ਆਪਣੇ ਨਾਲ ਮਿਲਾਂਦਾ ਹੈਂ, ਜੇਹੜੇ ਤੈਨੂੰ ਆਪਣੇ ਮਨ ਵਿਚ ਚੰਗੇ ਲੱਗਦੇ ਉਹ ਤੇਰੇ ਚਰਨਾਂ ਵਿਚ ਜੁੜੇ ਰਹਿੰਦੇ ਹਨ।

ਹੇ ਦਾਸ ਨਾਨਕ! (ਆਖ—ਹੇ ਭਾਈ!) ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪੈਂਦਾ ਹੈ, ਗੁਰੂ ਉਹਨਾਂ ਨੂੰ ਪਰਮਾਤਮਾ ਦੇ ਨਾਮ ਵਿਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।3।

ਪਦਅਰਥ:- ਗਾਵੈ—ਗੁਣ ਗਾਂਦਾ ਹੈ। ਰਾਗੀ—ਰਾਗੀਂ, ਰਾਗਾਂ ਦੀ ਰਾਹੀਂ ਗਾ ਕੇ। ਨਾਦੀ—ਨਾਦੀਂ, ਸੰਖ ਆਦਿ ਵਜਾ ਕੇ। ਬੇਦੀ—ਬੇਦੀਂ, ਧਰਮ-ਪੁਸਤਕਾਂ ਦੀ ਰਾਹੀਂ। ਬਹੁ ਭਾਂਤਿ ਕਰਿ—ਕਈ ਤਰੀਕਿਆਂ ਨਾਲ। ਭੀਜੈ—ਪ੍ਰਸੰਨ ਹੁੰਦਾ। ਅੰਤਰਿ—ਅੰਦਰ। ਕਪਟੁ—ਫ਼ਰੇਬ। ਰੋਇ—ਰੋ ਕੇ। ਸਿਰਿ ਰੋਗ—ਰੋਗਾਂ ਦੇ ਸਿਰ ਉਤੇ। ਹਥੁ ਦੀਜੈ—ਹੱਥ ਦਿੱਤਾ ਜਾਏ। ਸੁਧੁ—ਪਵਿਤ੍ਰ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ।4।

ਅਰਥ:- (ਹੇ ਭਾਈ!) ਕੋਈ ਮਨੁੱਖ ਰਾਗ ਗਾ ਕੇ, ਕੋਈ ਸੰਖ ਆਦਿਕ ਸਾਜ ਵਜਾ ਕੇ, ਕੋਈ ਧਰਮ ਪੁਸਤਕਾਂ ਪੜ੍ਹ ਕੇ ਕਈ ਤਰੀਕਿਆਂ ਨਾਲ ਪਰਮਾਤਮਾ ਦੇ ਗੁਣ ਗਾਂਦਾ ਹੈ ਪਰ ਪਰਮਾਤਮਾ ਇਸ ਤਰ੍ਹਾਂ ਪ੍ਰਸੰਨ ਨਹੀਂ ਹੁੰਦਾ (ਕਿਉਂਕਿ) ਕਰਤਾਰ (ਹਰੇਕ ਮਨੁੱਖ ਦੇ ਦਿਲ ਦੀ) ਹਰੇਕ ਗੱਲ ਜਾਣਦਾ ਹੈ ਅੰਦਰਲੇ ਰੋਗਾਂ ਉਤੇ ਬੇਸ਼ੱਕ ਹੱਥ ਦਿੱਤਾ ਜਾਏ (ਅੰਦਰਲੇ ਵਿਕਾਰਾਂ ਨੂੰ ਲੁਕਾਣ ਦਾ ਜਤਨ ਕੀਤਾ ਜਾਏ, ਤਾਂ ਭੀ ਪਰਮਾਤਮਾ ਪਾਸੋਂ ਲੁਕੇ ਨਹੀਂ ਰਹਿ ਸਕਦੇ)। ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਦਾ ਹਿਰਦਾ ਪਵਿਤ੍ਰ ਹੋ ਜਾਂਦਾ ਹੈ, ਉਹੀ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹੀ ਹਰੀ ਦਾ ਨਾਮ ਲੈਂਦੇ ਹਨ।4।11। 18।